ਦਫਤਰ: ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ, ਲੋਕ ਨਿਰਮਾਣ ਵਿਭਾਗ, ਭ ਤੇ ਮ ਸ਼ਾਖਾ, ਫਰੀਦਕੋਟ-151203

ਵੱਲ

Silver Oaks School,
Gumti Khurd, Jaitu.

ਨੰ:DB/ 1671 ਮਿਤੀ: 05.06.2026

ਵਿਸ਼ਾ: ਸਾਲ 2026-27 ਲਈ ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਬਾਰੇ। (Silver Oaks School Gumti Khurd, Jaitu)

ਉਪਰੋਕਤ ਵਿਸ਼ੇ ਅੰਕਿਤ ਸਕੂਲ ਦੀ ਇਮਾਰਤ ਦਾ ਬਿਲਡਿੰਗ ਸੇਫਟੀ ਸਰਟੀਫਿਕੇਟ ਸਾਲ 2026-27 ਲੈਣ ਲਈ ਆਪ ਵੱਲੋ ਇਸ ਦਫਤਰ ਵਿਖੇ ਪ੍ਰਾਪਤ ਹੋਇਆ ਹੈ। ਆਪ ਦੇ ਸਕੂਲ ਦੀ ਬਿਲਡਿੰਗ ਦਾ ਉਪ ਮੰਡਲ ਇੰਜੀਨੀਅਰ ਦੇ ਦਫਤਰ ਵੱਲੋ ਵਿਜੂਅਲੀ ਇੰਸਪੈਕਸ਼ਨ ਕੀਤੀ ਗਈ ਅਤੇ ਉਨ੍ਹਾਂ ਦੀ ਰਿਪੋਰਟ/ਸਿਫਾਰਿਸ਼ ਅਨੁਸਾਰ ਨਿਮਨਲਿਖਤ ਨਿਰੀਖਣਾਂ ਅਤੇ ਸ਼ਰਤਾਂ ਅਧੀਨ ਸਾਲ 2026-27 ਦਾ ਸਕੂਲ ਬਿਲਡਿੰਗ ਸੇਫਟੀ ਮਿਤੀ 31-03-2027 ਤੱਕ ਜਾਰੀ ਕੀਤਾ ਜਾਂਦਾ ਹੈ:-

1. ਸਕੂਲ ਕੋਲ ਕਿਸੇ ਅਣਸੁਖਾਵੀਂ ਆਪਦਾ ਨਾਲ ਨਜਿੱਠਣ ਲਈ ਯੋਜਨਾ ਹੋਣੀ ਚਾਹੀਦੀ ਹੈ, ਜਿਸ ਵਿੱਚ ਐਮਰਜੈਂਸੀ ਦੌਰਾਨ ਬੱਚਿਆਂ ਨੂੰ ਬਿਲਡਿੰਗ ਵਿੱਚੋ ਸੁਰੱਖਿਅਤ ਬਾਹਰ ਕੱਢਣਾ ਅਤੇ ਸਬੰਧਿਤ ਵਿਭਾਗ ਨਾਲ ਤਾਲਮੇਲ ਕਰਨ ਦੀ ਯੋਜਨਾ ਹੋਣੀ ਚਾਹੀਦੀ ਹੈ। ਸਕੂਲ ਨੂੰ ਇਸ ਯੋਜਨਾ ਦੀ ਪ੍ਰਭਾਵਸ਼ੀਲਤਾ ਨੂੰ ਯਕੀਨੀ ਬਣਾਉਣ ਲਈ ਨਿਯਮਿਤ ਤੌਰ ਤੇ ਸਮੀਖਿਆ ਅਤੇ ਅਪਡੇਟ ਕਰਦੇ ਰਹਿਣਾ ਚਾਹੀਦਾ ਹੈ।
2. ਜੇਕਰ ਸਕੂਲ ਵੱਲੋ ਇਸ ਇਮਾਰਤ ਵਿੱਚ ਕੋਈ ਵਾਧਾ, ਤਬਦੀਲੀ, ਵਿਸਤਾਰ ਅਤੇ ਸੋਧ ਦੀ ਲੋੜ ਹੈ ਜਾਂ ਕੀਤੇ ਜਾਣੇ ਹਨ ਤਾਂ ਇਸ ਦਫਤਰ ਨੂੰ ਤਰੰਤ ਜਾਂਚ ਦਾ ਪ੍ਰਬੰਧ ਕੀਤਾ ਜਾਣਾ ਚਾਹੀਦਾ ਹੈ ਅਤੇ ਉਸ ਹਿੱਸੇ ਨੂੰ ਮੁਕੰਮਲ ਕਰਕੇ ਉਸਦਾ ਸੇਫਟੀ ਸਰਟੀਫਿਕੇਟ ਇਸ ਦਫਤਰ ਪਾਸੋ ਫਿਰ ਤੋ ਲਿਆ ਜਾਵੇ।
3. ਜੇਕਰ ਬਿਲਡਿੰਗ ਦੀਆਂ ਕੰਧਾਂ, ਨੀਹਾਂ ਅਤੇ ਛੱਤਾਂ ਕੁਦਰਤੀ ਆਫਤ ਜਾਂ ਕਿਸੇ ਹੋਰ ਕਾਰਨ ਕਰਕੇ ਬੈਠ ਜਾਣ ਤਾਂ ਇਸ ਸੂਰਤ ਵਿੱਚ ਸਕੂਲ ਵੱਲੋ ਇਸ ਦਫਤਰ ਨੂੰ ਤੁਰੰਤ ਬਿਲਡਿੰਗ ਦੀ ਹਾਲਤ ਬਾਰੇ ਸੂਚਿਤ ਕੀਤਾ ਜਾਵੇ ਅਤੇ ਨਿਰੀਖਣ ਕਰਵਾਉਣ ਉਪਰੰਤ ਹੀ ਬਿਲਡਿੰਗ ਨੂੰ ਵਰਤੋ ਵਿੱਚ ਲਿਆ ਜਾਵੇ।
4. ਸਬੰਧਿਤ ਵਿਭਾਗ ਤੋ ਵੱਖਰੇ ਤੌਰ ਤੇ ਫਾਇਰ ਸੇਫਟੀ ਅਤੇ ਇਲੈਕੱਟ੍ਰੀਕਲ ਸੇਫਟੀ ਸਰਟੀਫਿਕੇਟ ਪ੍ਰਾਪਤ ਕੀਤਾ ਜਾਵੇ।
5. ਸਕੂਲ ਬਿਲਡਿੰਗ ਦੀ ਸੇਫਟੀ ਨੂੰ ਮੁੱਖ ਰੱਖਦੇ ਹੋਏ ਬਿਲਡਿੰਗ ਦੀ ਰਿਪੇਅਰ ਕਰਵਾਉਣ ਦੀ ਜ਼ਿੰਮਵਾਰੀ ਸਕੂਲ ਪ੍ਰਬੰਧਨ ਦੀ ਹੈ। ਇਸ ਰਿਪੋਰਟ ਦੇ ਬਾਵਜੂਦ ਸਕੂਲ ਪ੍ਰਬੰਧਨ ਸਾਰੇ ਪੱਖਾਂ ਤੋ ਬਿਲਡਿੰਗ ਦੀ ਸੁਰੱਖਿਆ ਲਈ ਜ਼ਿਮੇਵਾਰ ਹੈ।
6. BuildTech Engineers ਵੱਲੋ ਆਪਣੇ ਪੱਤਰ ਨੰਬਰ BTE/2026-27/022 ਮਿਤੀ 22.04.2026 ਨੂੰ ਸਟਰੱਕਚਰ ਸੁਰੱਖਿਆ ਸਰਟੀਫਿਕੇਟ ਦਿੱਤਾ ਗਿਆ ਹੈ ਅਤੇ ਉਹਨਾਂ ਦੇ ਸਰਟੀਫਿਕੇਟ ਅਨੁਸਾਰ ਸਕੂਲ ਸੈਸ਼ਨ 2026-27 ਲਈ ਵਰਤੋਂ ਲਈ ਸੁਰੱਖਿਅਤ ਹੈ, ਪਰੰਤੂ ਇਸ ਸਕੂਲ ਦਾ ਨਿਰਮਾਣ ਇਸ ਵਿਭਾਗ ਵੱਲੋ ਨਹੀ ਕੀਤਾ ਗਿਆ ਹੈ, ਇਸ ਲਈ ਇਸ ਵਿਭਾਗ ਦੁਆਰਾ ਸਕੂਲ ਦੀ ਸਟਰੱਕਚਰ ਸੇਫਟੀ ਖਾਸ ਕਰਕੇ ਭੂਚਾਲ ਦੇ ਦ੍ਰਿਸ਼ਟੀਕੋਣ ਤੋ ਯਕੀਨੀ ਨਹੀ ਬਣਾਈ ਜਾ ਸਕਦੀ ਹੈ।
7. ਸਕੂਲ ਨੂੰ ਸਟਾਫ ਮੈਂਬਰਾਂ ਨੂੰ ਉਚਿਤ ਸੁਰੱਖਿਆ ਸਿਖਲਾਈ ਪ੍ਰਦਾਨ ਕਰਨੀ ਚਾਹੀਦੀ ਹੈ, ਜਿਸ ਵਿੱਚ ਐਮਰਜੈਂਸੀ,ਫਸਟ ਏਡ ਅਤੇ ਨਿਕਾਸੀ ਪ੍ਰੋਟੋਕੋਲ ਨੂੰ ਸੰਭਾਲਣ ਦੀਆਂ ਪ੍ਰਕਿਰਿਆਵਾਂ ਵੀ ਸ਼ਾਮਿਲ ਹਨ।
8. ਸਕੂਲ ਦੇ ਕਵਰਡ ਏਰੀਏ ਦੇ ਹਿਸਾਬ ਨਾਲ ਜੀ.ਆਰ. ਨੰਬਰ 23272265 ਮਿਤੀ 04.05.2026 ਰਾਹੀ ਦਸ ਹਜ਼ਾਰ ਰੁਪਏ (10,000 /-) ਬਿਲਡਿੰਗ ਨਿਰੀਖਣ ਫੀਸ ਵੱਜੋ ਪ੍ਰਾਪਤ ਕੀਤੇ। ਸਕੂਲ ਦਾ ਫਾਇਰ ਸੇਫਟੀ ਸਰਟੀਫਿਕੇਟ 15.04.2029 ਤੱਕ ਵੈਲਿਡ ਹੈ ਅਤੇ ਸਕੂਲ ਪ੍ਰਬੰਧਨ ਸਮੇ ਸੀਮਾ ਅੰਦਰ ਫਾਇਰ ਸਰਟੀਫਿਕੇਟ ਰੀਨਿਊ ਕਰਵਾਉਣ ਲਈ ਜ਼ਿਮੇਵਾਰ ਹੋਵੇਗਾ।
9. ਇਸ ਪੱਤਰ/ਸਰਟੀਫਿਕੇਟ ਦਾ ਸਕੂਲ ਦੀ ਜਗ੍ਹਾ ਦੀ ਮਲਕੀਅਤ ਨਾਲ ਕੋਈ ਸਬੰਧ ਨਹੀ ਹੈ।
10. ਇਸ ਪੱਤਰ/ਸਰਟੀਫਿਕੇਟ ਦਾ ਸਕੂਲ ਦੇ ਪਲਾਟ ਏਰੀਏ ਦਾ ਕੋਈ ਸਬੰਧ ਨਹੀ ਹੈ।
11. ਇਸ ਮਨਜ਼ੂਰੀ ਦਾ ਸ਼ਡਿਊਲਡ ਰੋਡ ਐਕਟ ਨਾਲ ਕੋਈ ਸਬੰਧ ਨਹੀ ਹੈ।
12. ਇਹ ਰਿਪੋਰਟ ਕਾਨੂੰਨੀ ਉਦੇਸ਼ ਲਈ ਵੈਲਿਡ ਨਹੀ ਹੈ।

ਨੱਥੀ/ ਸਰਟੀਫਿਕੇਟ

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਭਤੇਮ ਸ਼ਾਖਾ,
ਫਰੀਦਕੋਟ।
ਮਿਤੀ:

ਪਿੱਠ ਅੰਕਣ ਨੰ:

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਉਸਾਰੀ ਉਪ ਮੰਡਲ, ਭ ਤੇ ਮ ਸ਼ਾਖਾ, ਜੈਤੋ ਨੂੰ ਉਨ੍ਹਾਂ ਦੇ ਪੱਤਰ ਨੰਬਰ 69 ਮਿਤੀ 01.06.2026 ਦੇ ਹਵਾਲੇ ਵਿੱਚ ਸੂਚਨਾ ਹਿਤ ਭੇਜਿਆ ਜਾਂਦਾ ਹੈ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਭਤੇਮ ਸ਼ਾਖਾ,
ਫਰੀਦਕੋਟ।

Attested to be true copy
and Photo Copy
Surinder Kumar Maheshwary
Advocate/Notary
Jaitu Distt. Faridkot (Pb.)
09 JUN 2026

Principal
Silver Oaks School
Sewewala (Jaitu)

Office: Executive Engineer, Provincial Division, Public Works Department, B&R Branch, Faridkot-151203

To

Silver Oaks School,
Gumti Khurd, Jaitu.

No. DB/1671

Date: 05.06.2026

Subject: **Regarding issuance of School Building Safety Certificate for the year 2026-27. (Silver Oak School Gumti Khurd, Jaitu)**

The above subject school building safety certificate has been obtained by you at this office for the year 2026-27. The building of your school was visually inspected by the office of the Sub Divisional Engineer and as per their report/recommendation, the school building safety certificate for the year 2026-27 is issued up to 31-03-2027 subject to the following inspections and conditions:-

1. The school should have a plan to deal with any untoward incident, including a plan for safely evacuating children from the building during an emergency and coordinating with the relevant department. The school should regularly review and update this plan to ensure its effectiveness.
2. If any addition, alteration, expansion or modification is required or is to be made by the school in this building, then this office should arrange for an immediate inspection and after completing that part, its safety certificate should be obtained again from this office.
3. If the walls, foundations and floors of the building subside due to a natural disaster or any other reason, then in this case, the school should immediately inform this office about the condition of the building and the building should be put into use only after an inspection.
4. Fire Safety and Electrical Safety Certificate should be obtained separately from the concerned department.
5. Keeping the safety of the school building in mind, it is the responsibility of the school management to get the building repaired. Despite this report, the school management is responsible for the safety of the building from all aspects.
6. The Structural Safety Certificate has been issued by Build Tech Engineers vide letter No. BTE/2026-27/022 dated 22.04.2026 and as per their certificate the school is safe for use for the session 2026-27, but this school has not been constructed by this department, hence the structural safety of the school especially from the point of view of earthquake cannot be ensured by this department.
7. The school must provide appropriate safety training to staff members, including procedures for handling emergencies, first aid and evacuation protocols.
8. Ten thousand rupees (10,000/-) received as building inspection fee vide G.R. No. 23272265 dated 04.05.2026 as per the covered area of the school. The fire safety certificate of the school is valid till 15.04.2029 and the school management will be responsible for getting the fire certificate renewed within the time limits.
9. This letter/certificate has no connection with the ownership of the school premises,
10. This letter/certificate has no relation to the plot area of the school.
11. This approval has no connection with the Scheduled Roads Act.
12. This report is not valid for legal purposes.

Attachment/Certificate

Sd/-
Executive Engineer,
Provincial Divisional Branch (B&R)
Faridkot.

Endst. No. Date:

Copy of the above to Sub-Divisional Engineer, Construction Sub-Division, B&R Branch, Jaito vide his letter No. 69 dated 01.06.2026 sent for information purposes with reference.

Sd/-
Executive Engineer,
Provincial Divisional Branch (B&R)
Faridkot.

Attested the translation from Punjabi/~~Hindi~~ to English

Surinder Kumar Maheshwari
Advocate/Notary
Jaitu Distt. Faridkot .Pb.

09 JUN 2026

Mehta...
Principal
Silver Oaks School
Sewewala (Jaitu)